## ਵਿਸ਼ਵ ਮਾਤ-ਭਾਸ਼ਾ ਦਿਵਸ ਨੂੰ ਸਮਰਪਿਤ

## 11 ਫਰਵਰੀ ਤੋਂ 14 ਫਰਵਰੀ ਤੱਕ ਖ਼ਾਲਸਾ ਕਾਲਜ ਵਿੱਚ ਪੁਸਤਕ ਮੇਲਾ ਅਤੇ ਸਾਹਿਤ ਉਤਸਵ-2020

ਅੰਮ੍ਰਿਤਸਰ ( ) :- ਵਿਰਾਸਤੀ ਵਿੱਦਿਅਕ ਸੰਸਥਾ ਖ਼ਾਲਸਾ ਕਾਲਜ ਅੰਮ੍ਰਿਤਸਰ ਵਿਖੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸਹਿਯੋਗ ਨਾਲ ਚਾਰ-ਰੋਜ਼ਾ ਵਿਸ਼ਾਲ ਪੁਸਤਕ ਮੇਲੇ ਅਤੇ ਸਾਹਿਤ ਉਤਸਵ-2020 ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਕਾਲਜ ਪ੍ਰਿੰਸੀਪਲ ਡਾ. ਮਹਿਲ ਸਿੰਘ ਨੇ ਦੱਸਿਆ ਕਿ ਮਾਤ-ਭਾਸ਼ਾ ਦਿਵਸ ਨੂੰ ਸਮਰਪਿਤ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਪਬਲੀਕੇਸ਼ਨ ਬਿਊਰੋ ਵਿਭਾਗ ਦੇ ਸਹਿਯੋਗ ਨਾਲ ਖ਼ਾਲਸਾ ਕਾਲਜ ਵਿੱਚ 11 ਫਰਵਰੀ 2020 ਤੋਂ 14 ਫਰਵਰੀ ਤੱਕ ਚੱਲਣ ਵਾਲੇ ਇਸ ਸਾਹਿਤ ਉਤਸਵ ਤੇ ਪੁਸਤਕ ਮੇਲੇ ਵਿੱਚ ਪੂਰੇ ਦੇਸ਼ ਵਿਚੋਂ ਨਾਮਵਰ ਸਾਹਿਤਕਾਰ ਅਤੇ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਦੇ 50 ਦੇ ਕਰੀਬ ਪ੍ਰਕਾਸ਼ਕ ਹਿੱਸਾ ਲੈ ਰਹੇ ਹਨ। ਇਹਨਾਂ ਚਾਰ ਦਿਨਾਂ ਵਿੱਚ ਵੱਖ ਵੱਖ ਕਿਸਮ ਦੇ ਸਾਹਿਤਕ ਸਮਾਗਮ ਵੀ ਕਰਵਾਏ ਜਾਣਗੇ, ਜਿੰਨਾਂ ਵਿੱਚ ਸੈਮੀਨਾਰ, ਲੇਖਕਾਂ ਨਾਲ ਰੂ-ਬਰੂ, ਕਵੀ ਦਰਬਾਰ, ਪੁਸਤਕ ਰਿਲੀਜ਼ ਸਮਾਗਮ ਅਤੇ ਨਾਟਕ ਪੇਸ਼ ਹੋਣਗੇ।

ਪੰਜਾਬੀ ਵਿਭਾਗ ਦੇ ਮੁਖੀ ਡਾ. ਆਤਮ ਸਿੰਘ ਰੰਧਾਵਾ ਨੇ ਦੱਸਿਆ ਕਿ ਖੇਤਰੀ ਭਾਸ਼ਾਵਾਂ ਦੀ ਮਹੱਤਤਾ ਨੂੰ ਸਮਝਦਿਆਂ 21 ਫਰਵਰੀ ਨੂੰ ਹਰ ਸਾਲ ਯੂਨੈਸਕੋ ਵੱਲੋਂ ਪੂਰੇ ਵਿਸ਼ਵ ਵਿੱਚ ਮਾਤ-ਭਾਸ਼ਾ ਦਿਵਸ ਮਨਾਇਆ ਜਾਂਦਾ ਹੈ। ਖਾਲਸਾ ਕਾਲਜ ਆਪਣੇ ਖਿੱਤੇ ਦੀ ਪੰਜਾਬੀ ਭਾਸ਼ਾ ਦੇ ਪ੍ਰਸਾਰ ਪ੍ਰਚਾਰ ਦਾ ਮੁੱਦਈ ਹੈ। ਇਸੇ ਕਰਕੇ ਵਿਭਾਗ ਵੱਲੋਂ ਪੰਜਾਬੀ ਪੱਖੀ ਸੰਸਥਾਵਾਂ ਪੰਜਾਬੀ ਅਕਾਦਮੀ ਦਿੱਲੀ, ਪੰਜਾਬ ਕਲਾ ਪ੍ਰੀਸ਼ਦ ਚੰਡੀਗੜ੍ਹ ਤੇ ਪਬਲੀਕੇਸ਼ਨ ਬਿਊਰੋ, ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸਹਿਯੋਗ ਨਾਲ ਇਹ ਸਾਹਿਤ ਉਤਸਵ ਅਤੇ ਪੁਸਤਕ ਮੇਲਾ ਉਲੀਕਿਆ ਗਿਆ ਹੈ। ਇਸ ਵਿਚ ਵੱਡੀ ਗਿਣਤੀ ਵਿਚ ਪਰਵਾਸੀ ਸਾਹਿਤਕਾਰ, ਚਿੰਤਕ, ਪ੍ਰਕਾਸ਼ਕ ਅਤੇ ਸਾਹਿਤ ਪ੍ਰੇਮੀ ਸ਼ਾਮਿਲ ਹੋਣਗੇ। ਇਸ ਮੇਲੇ ਦੇ ਕੋਆਰਡੀਨੇਟਰ ਪਬਲੀਕੇਸ਼ਨ ਬਿਊਰੋ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਗੁਰਜੰਟ ਸਿੰਘ ਅਤੇ ਖ਼ਾਲਸਾ ਕਾਲਜ ਦੇ ਪੰਜਾਬੀ ਵਿਭਾਗ ਦੇ ਪ੍ਰੋ. ਡਾ. ਕੁਲਦੀਪ ਸਿੰਘ ਨੇ ਸਾਂਝੇ ਤੌਰ ਤੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੇਲੇ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਪ੍ਰਿੰਸੀਪਲ ਸਾਹਿਬ ਦੀ ਅਗਵਾਈ ਵਿੱਚ ਵੱਖ ਵੱਖ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ, ਇਹ ਮੇਲਾ ਖ਼ਾਲਸਾ ਕਾਲਜ ਦੀ ਖੁਲ੍ਹੀ ਗਰਾਊਂਡ ਵਿੱਚ ਸੁਰੱਖਿਅਤ ਅਤੇ ਸ਼ਾਨਦਾਰ ਸ਼ਮਿਆਨੇ ਵਿੱਚ ਲਗਾਇਆ ਜਾ ਰਿਹਾ ਹੈ। ਉਹਨਾਂ ਨੇ ਪੁਸਤਕ ਪ੍ਰੇਮੀਆਂ ਨੂੰ ਇਸ ਮੇਲੇ ਵਿੱਚ ਭਰਵੀਂ ਹਾਜ਼ਰੀ ਲਗਾਉਣ ਦੀ ਅਪੀਲ ਕੀਤੀ। ਉਹਨਾਂ ਇਹ ਵੀ ਕਿਹਾ ਕਿ ਇਸ ਮੇਲੇ ਦੌਰਾਨ ਪੁਸਤਕਾਂ ਦੀ ਖਰੀਦ 'ਤੇ 50 ਪ੍ਰਤੀਸ਼ਤ ਤੱਕ ਦੀ ਛੂਟ ਹੋਵੇਗੀ ਸੋ ਪੁਸਤਕ ਪ੍ਰੇਮੀ ਇਸ ਮੌਕੇ ਦਾ ਫਾਇਦਾ ਉਠਾਉਣ। ਉਹਨਾਂ ਇਹ ਵੀ ਦੱਸਿਆ ਕਿ ਵੱਖ ਵੱਖ ਸਕੂਲਾਂ ਕਾਲਜਾਂ ਦੇ ਅਧਿਆਪਕ ਆਪਣੇ ਵਿਦਿਆਰਥੀਆਂ ਨਾਲ ਇਸ ਪੁਸਤਕ ਮੇਲੇ ਦੀ ਰੌਣਕ ਵਧਾਉਣਗੇ।

ਇਸ ਮੌਕੇ ਤੇ ਕਾਲਜ ਰਜਿਸਟਰਾਰ ਪ੍ਰੋ. ਦਵਿੰਦਰ ਸਿੰਘ, ਪੰਜਾਬੀ ਵਿਭਾਗ ਦੇ ਸੀਨੀਅਰ ਅਧਿਆਪਕ ਡਾ. ਪਰਮਿੰਦਰ ਸਿੰਘ, ਡਾ. ਭੁਪਿੰਦਰ ਸਿੰਘ, ਡਾ. ਹੀਰਾ ਸਿੰਘ, ਡਾ. ਮਿੰਨੀ ਸਲਵਾਨ, ਡਾ. ਹਰਜੀਤ ਕੌਰ, ਡਾ. ਜਸਬੀਰ ਸਿੰਘ, ਡਾ. ਗੁਰਿੰਦਰ ਕੌਰ, ਡਾ. ਪਵਨ ਕੁਮਾਰ, ਪ੍ਰੋ. ਬਲਜਿੰਦਰ ਸਿੰਘ, ਪ੍ਰੋ. ਗੁਰਸ਼ਰਨ ਸਿੰਘ, ਪ੍ਰੋ. ਗੁਰਸ਼ਿੰਦਰ ਕੌਰ, ਪ੍ਰੋ. ਅਮਨਦੀਪ ਕੌਰ, ਡਾ. ਰਾਜਬੀਰ ਕੌਰ, ਡਾ. ਚਿਰਜੀਵਨ ਕੌਰ, ਪ੍ਰੋ. ਹਰਵਿੰਦਰ ਕੌਰ, ਪ੍ਰੋ. ਅੰਮ੍ਰਿਤਪਾਲ ਕੌਰ, ਡਾ. ਰਜਨੀਸ਼ ਕੌਰ, ਡਾ. ਪਰਮਿੰਦਰਜੀਤ ਕੌਰ ਅਤੇ ਵੱਡੀ ਗਿਣਤੀ ਵਿਚ ਐੱਮ. ਫਿਲ. ਅਤੇ ਐੱਮ. ਏ. ਪੰਜਾਬੀ ਦੇ ਵਿਦਿਆਰਥੀ ਵੀ ਹਾਜ਼ਰ ਸਨ।

29-01-20